ਆਸਾ ਮਹਲਾ ੧ ॥ ਜਿਨ੍ਹੀ ਨਾਮੁ ਵਿਸਾਰਿਆ ਦੂਜੈ ਭਰਮਿ ਭੁਲਾਈ ॥ ਮੂਲੁ ਛੋਡਿ ਡਾਲੀ ਲਗੇ ਕਿਆ ਪਾਵਹਿ ਛਾਈ ॥੧॥ ਬਿਨੁ ਨਾਵੈ ਕਿਉ ਛੂਟੀਐ ਜੇ ਜਾਣੈ ਕੋਈ ॥ ਗੁਰਮੁਖਿ ਹੋਇ ਤ ਛੂਟੀਐ ਮਨਮੁਖਿ ਪਤਿ ਖੋਈ ॥੧॥ ਰਹਾਉ ॥ ਜਿਨ੍ਹੀ ਏਕੋ ਸੇਵਿਆ ਪੂਰੀ ਮਤਿ ਭਾਈ ॥ ਆਦਿ ਜੁਗਾਦਿ ਨਿਰੰਜਨਾ ਜਨ ਹਰਿ ਸਰਣਾਈ ॥੨॥ ਸਾਹਿਬੁ ਮੇਰਾ ਏਕੁ ਹੈ ਅਵਰੁ ਨਹੀ ਭਾਈ ॥ ਕਿਰਪਾ ਤੇ ਸੁਖੁ ਪਾਇਆ ਸਾਚੇ ਪਰਥਾਈ ॥੩॥ ਗੁਰ ਬਿਨੁ ਕਿਨੈ ਨ ਪਾਇਓ ਕੇਤੀ ਕਹੈ ਕਹਾਏ ॥ ਆਪਿ ਦਿਖਾਵੈ ਵਾਟੜੀਂ ਸਚੀ ਭਗਤਿ ਦ੍ਰਿੜਾਏ ॥੪॥ ਮਨਮੁਖੁ ਜੇ ਸਮਝਾਈਐ ਭੀ ਉਝੜਿ ਜਾਏ ॥ ਬਿਨੁ ਹ ਰਿ ਨਾਮ ਨ ਛੂਟਸੀ ਮਰਿ ਨਰਕ ਸਮਾਏ ॥੫॥ ਜਨਮਿ ਮਰੈ ਭਰਮਾਈਐ ਹਰਿ ਨਾਮੁ ਨ ਲੇਵੈ ॥ ਤਾ ਕੀ ਕੀਮਤਿ ਨਾ ਪਵੈ ਬਿਨੁ ਗੁਰ ਕੀ ਸੇਵੈ ॥੬॥ ਜੇਹੀ ਸੇਵ ਕਰਾਈਐ ਕਰਣੀ ਭੀ ਸਾਈ ॥ ਆਪਿ ਕਰੇ ਕਿਸੁ ਆਖੀਐ ਵੇਖੈ ਵਡਿਆਈ ॥੭॥ ਗੁਰ ਕੀ ਸੇਵਾ ਸੋ ਕਰੇ ਜਿਸੁ ਆਪਿ ਕਰਾਏ ॥ ਨਾਨਕ ਸਿਰੁ ਦੇ ਛੂਟੀਐ ਦਰਗਹ ਪਤਿ ਪਾਏ ॥੮॥੧੮॥ {ਪੰਨਾ 420-421}

ਪਦਅਰਥ:- ਦੂਜੈ ਭਰਮਿ—ਦੂਜੇ ਭੁਲੇਖੇ ਵਿਚ, (ਪਰਮਾਤਮਾ ਦਾ ਪੱਲਾ ਛੱਡ ਕੇ) ਹੋਰ ਭਟਕਣਾ ਵਿਚ। ਭੁਲਾਈ—ਭੁਲਾਇ, ਭੁੱਲ ਕੇ, ਗ਼ਲਤੀ ਖਾ ਕੇ। ਮੂਲੁ—(ਸੰਸਾਰ-ਰੁੱਖ ਦਾ) ਮੁੱਢ। ਡਾਲੀ—(ਸੰਸਾਰ-ਰੁੱਖ ਦੀਆਂ) ਡਾਲਾਂ ਵਿਚ ਮਾਇਆ ਦੇ ਪਸਾਰੇ ਵਿਚ। ਛਾਈ—ਸੁਆਹ।1।

ਗੁਰਮੁਖਿ—ਗੁਰੂ ਦੇ ਸਨਮੁਖ। ਪਤਿ—ਇੱਜ਼ਤ। ਖੋਈ—ਗਵਾ ਲਈ।1। ਰਹਾਉ।

ਪੂਰੀ—ਮੁਕੰਮਲ, ਉਕਾਈ ਨਾਹ ਖਾਣ ਵਾਲੀ। ਭਾਈ—ਹੇ ਭਾਈ! ਜਨ—ਪ੍ਰਭੂ ਦੇ ਸੇਵਕ।2।

ਭਾਈ—ਹੇ ਭਾਈ! ਤੇ—ਤੋਂ, ਰਾਹੀਂ। ਸਾਚੇ ਪਰਥਾਈ—ਸਦਾ-ਥਿਰ ਪ੍ਰਭੂ ਦੇ ਆਸਰੇ।3।

ਕੇਤੀ—ਬਥੇਰੀ ਲੋਕਾਈ। ਵਾਟੜੀ—ਸੋਹਣੀ ਵਾਟ। ਸਚੀ—ਸਦਾ-ਥਿਰ।4।

ਉਝੜਿ—ਗ਼ਲਤ ਰਸਤੇ। ਨਰਕ—ਨਰਕਾਂ ਵਿਚ। ਮਰਿ—ਆਤਮਕ ਮੌਤੇ ਮਰ ਕੇ।5।

ਭਰਮਾਈਐ—ਭਟਕਦਾ ਹੈ। ਕੀਮਤਿ—ਕਦਰ।6।

ਸਾਈ—ਉਹੀ। ਕਿਸੁ—ਹੋਰ ਕਿਸ ਨੂੰ? ਵੇਖੈ—ਸੰਭਾਲ ਕਰਦਾ ਹੈ।7।

ਦੇ—ਦੇ ਕੇ। ਛੂਟੀਐ—('ਦੂਜੇ ਭਾਵ' ਤੋਂ) ਬਚੀਦਾ ਹੈ।8।

ਅਰਥ:- (ਗੁਰੂ ਦੀ ਰਾਹੀਂ) ਜੇ ਕੋਈ ਮਨੁੱਖ ਸਮਝ ਲਏ (ਤਾਂ ਉਸ ਨੂੰ ਇਹ ਸਮਝ ਆ ਜਾਂਦੀ ਹੈ ਕਿ) ਪਰਮਾਤਮਾ ਦੇ ਨਾਮ (ਵਿਚ ਜੁੜਨ) ਤੋਂ ਬਿਨਾ (ਮਾਇਆ ਦੇ ਮੋਹ ਤੋਂ) ਬਚ ਨਹੀਂ ਸਕੀਦਾ। ਗੁਰੂ ਦੇ ਦੱਸੇ ਰਸਤੇ ਉੱਤੇ ਤੁਰੇ ਤਦੋਂ ਹੀ (ਮਾਇਆ ਦੇ ਮੋਹ ਤੋਂ) ਮਨੁੱਖ ਦੀ ਖ਼ਲਾਸੀ ਹੁੰਦੀ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ-ਮੋਹ-ਵਿਚ ਫਸ ਕੇ) ਆਪਣੀ ਇੱਜ਼ਤ (ਪਰਮਾਤਮਾ ਦੀਆਂ ਨਜ਼ਰਾਂ ਵਿਚ) ਗਵਾ ਲੈਂਦਾ ਹੈ।1। ਰਹਾਉ।

ਜਿਨ੍ਹਾਂ ਬੰਦਿਆਂ ਨੇ ਹੋਰ ਭਟਕਣਾ ਵਿਚ ਪੈ ਕੇ (ਸਹੀ ਜੀਵਨ-ਰਾਹ) ਖੁੰਝ ਕੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ, ਜੇਹੜੇ ਬੰਦੇ (ਸੰਸਾਰ-ਰੁੱਖ ਦੇ) ਮੂਲ (-ਪ੍ਰਭੂ) ਨੂੰ ਛੱਡ ਕੇ (ਸੰਸਾਰ-ਰੁੱਖ ਦੀਆਂ) ਡਾਲੀਆਂ (ਮਾਇਆ ਦੇ ਪਸਾਰੇ) ਵਿਚ ਲੱਗ ਗਏ ਉਹਨਾਂ ਨੂੰ (ਆਤਮਕ ਜੀਵਨ ਵਿਚੋਂ) ਕੁਝ ਭੀ ਨਾਹ ਮਿਲਿਆ।1।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਇਕ ਪਰਮਾਤਮਾ ਦਾ ਸਿਮਰਨ ਕੀਤਾ, ਉਹਨਾਂ ਦੀ ਅਕਲ (ਮਾਇਆ ਦੇ ਮੋਹ ਵਿਚ) ਉਕਾਈ ਨਹੀਂ ਖਾਂਦੀ। ਪ੍ਰਭੂ ਦੇ ਉਹ ਸੇਵਕ ਉਸ ਪ੍ਰਭੂ ਦੀ ਹੀ ਸਰਨ ਵਿਚ ਟਿਕੇ ਰਹਿੰਦੇ ਹਨ ਜੋ ਸਾਰੇ ਜਗਤ ਦਾ ਮੂਲ ਹੈ ਜੋ ਜੁਗਾਂ ਦੇ ਭੀ ਸ਼ੁਰੂ ਤੋਂ ਹੈ ਅਤੇ ਜਿਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ।2।

ਹੇ ਭਾਈ! ਸਾਡਾ ਮਾਲਕ-ਪ੍ਰਭੂ ਬੇ-ਮਿਸਾਲ ਹੈ, ਉਸ ਵਰਗਾ ਹੋਰ ਕੋਈ ਨਹੀਂ। ਜੇ ਉਸ ਸਦਾ-ਥਿਰ ਪ੍ਰਭੂ ਦੇ ਆਸਰੇ-ਪਰਨੇ ਟਿਕੇ ਰਹੀਏ, ਤਾਂ ਉਸ ਦੀ ਮੇਹਰ ਨਾਲ ਆਤਮਕ ਆਨੰਦ ਮਿਲਦਾ ਹੈ।3।

ਬਥੇਰੀ ਲੋਕਾਈ ਹੋਰ ਹੋਰ ਰਸਤੇ ਦੱਸਦੀ ਹੈ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦੀ ਪ੍ਰਾਪਤੀ ਨਹੀਂ ਹੁੰਦੀ। (ਗੁਰੂ ਦੀ ਸਰਨ ਪਿਆਂ) ਪਰਮਾਤਮਾ (ਆਪਣੇ ਮਿਲਾਪ ਦਾ) ਸਹੀ ਰਸਤਾ ਆਪ ਹੀ ਵਿਖਾ ਦੇਂਦਾ ਹੈ, (ਜੀਵ ਦੇ ਹਿਰਦੇ ਵਿਚ) ਸਦਾ-ਥਿਰ ਰਹਿਣ ਵਾਲੀ ਭਗਤੀ ਪੱਕੀ ਕਰ ਦੇਂਦਾ ਹੈ।4।

ਪਰ ਜੇਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਸ ਨੂੰ ਜੇ (ਸਹੀ ਰਸਤਾ) ਸਮਝਾਣ ਦੀ ਕੋਸ਼ਿਸ਼ ਭੀ ਕਰੀਏ, ਤਾਂ ਭੀ ਉਹ ਕੁਰਾਹੇ ਹੀ ਜਾਂਦਾ ਹੈ। ਪਰਮਾਤਮਾ ਦੇ ਨਾਮ ਤੋਂ ਬਿਨਾ ਉਹ ਇਸ (ਕੁਰਾਹ ਤੋਂ) ਬਚ ਨਹੀਂ ਸਕਦਾ, (ਕੁਰਾਹੇ ਪਿਆ ਹੋਇਆ) ਉਹ ਆਤਮਕ ਮੌਤ ਸਹੇੜ ਲੈਂਦਾ ਹੈ, (ਮਾਨੋ,) ਨਰਕਾਂ ਵਿਚ ਪਿਆ ਰਹਿੰਦਾ ਹੈ।5।

ਜੇਹੜਾ ਮਨੁੱਖ ਹਰੀ ਦਾ ਨਾਮ ਨਹੀਂ ਸਿਮਰਦਾ ਉਹ ਜੰਮਦਾ ਹੈ ਮਰਦਾ ਹੈ ਜੰਮਦਾ ਹੈ ਮਰਦਾ ਹੈ, ਇਸੇ ਗੇੜ ਵਿਚ ਪਿਆ ਰਹਿੰਦਾ ਹੈ, (ਇਸ ਤੋਂ ਬਚਣ ਦਾ ਇਕੋ ਤਰੀਕਾ ਹੈ ਕਿ ਪਰਮਾਤਮਾ ਦਾ ਨਾਮ ਜਪੇ, ਪਰ) ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦੇ ਨਾਮ ਦੀ ਕਦਰ ਨਹੀਂ ਪੈ ਸਕਦੀ।6।

(ਪਰ ਜੀਵਾਂ ਦੇ ਕੀਹ ਵੱਸ?) ਪਰਮਾਤਮਾ ਨੇ ਜਿਹੋ ਜਿਹੀ ਕਾਰੇ ਜੀਵ ਨੂੰ ਲਾਉਣਾ ਹੈ, ਜੀਵ ਨੇ ਉਸੇ ਕਾਰੇ ਲੱਗਣਾ ਹੈ। ਪਰਮਾਤਮਾ ਆਪ ਹੀ (ਸ੍ਰਿਸ਼ਟੀ) ਰਚ ਕੇ ਆਪ ਹੀ ਇਸ ਦੀ ਸੰਭਾਲ ਕਰਦਾ ਹੈ, ਇਹ ਉਸ ਦੀ ਆਪਣੀ ਹੀ ਬਜ਼ੁਰਗੀ ਹੈ। (ਉਸ ਤੋਂ ਬਿਨਾ) ਕਿਸੇ ਹੋਰ ਅੱਗੇ ਪੁਕਾਰ ਨਹੀਂ ਕੀਤੀ ਜਾ ਸਕਦੀ।7।

ਹੇ ਨਾਨਕ! ਗੁਰੂ ਦੀ ਦੱਸੀ ਸੇਵਾ ਭੀ ਉਹੀ ਮਨੁੱਖ ਕਰਦਾ ਹੈ ਜਿਸ ਪਾਸੋਂ ਪਰਮਾਤਮਾ ਆਪ ਹੀ ਕਰਾਂਦਾ ਹੈ (ਨਹੀਂ ਤਾਂ ਇਹ ਮਾਇਆ ਦਾ ਮੋਹ ਬੜਾ ਪ੍ਰਬਲ ਹੈ) ਆਪਾ-ਭਾਵ ਗਵਾਇਆਂ ਹੀ ਇਸ ਤੋਂ ਖ਼ਲਾਸੀ ਹੁੰਦੀ ਹੈ। ਜੇਹੜਾ ਮਨੁੱਖ ਆਪਣਾ ਸਿਰ (ਗੁਰੂ ਦੇ) ਹਵਾਲੇ ਕਰਦਾ ਹੈ, ਉਹ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ-ਮਾਣ ਪ੍ਰਾਪਤ ਕਰਦਾ ਹੈ।8। 18।